ਦਫਤਰ ਨਗਰ ਨਿਗਮ ਫਗਵਾੜਾ
OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426
Website: www.mcphagwara.co.in Email: cmcphagwara123@gmail.com

ਸੇਵਾ ਵਿਖੇ,

ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਚੰਡੀਗੜ੍ਹ।

ਨੰਬਰ: ....1719...  ਮਿਤੀ: ......15/6/23

ਵਿਸ਼ਾ:- **ਕਮਿਸ਼ਨਰ, ਨਗਰ ਨਿਗਮ ਫਗਵਾੜਾ ਜੀ ਵੱਲੋਂ ਮਿਤੀ 13/06/2023 ਨੂੰ ਪਾਸ ਕੀਤੇ ਗਏ ਹੁਕਮਾਂ ਦੀ ਨਕਲ ਸੂਚਨਾ ਹਿੱਤ ਭੇਜਣ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਵੱਲੋਂ ਪਾਸ ਕੀਤੇ ਗਏ ਹੁਕਮ ਨੰ: 42 ਮਿਤੀ 13/06/2023 ਦੀ ਨਕਲ ਆਪ ਜੀ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜੀ ਜਾਂਦੀ ਹੈ ਜੀ।

ਨੱਥੀ:- ਉਕਤ ਅਨੁਸਾਰ

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ।

**ਪਿੱਠ ਅੰਕਣ ਨੰ:** 1720-1723  **ਮਿਤੀ:** 15/6/23

ਉਪਰੋਕਤ ਦਾ ਇੱਕ ਉਤਾਰਾ:-

1. ਮਾਨਯੋਗ ਡਵੀਜ਼ਨਲ ਕਮਿਸ਼ਨਰ, ਜਲੰਧਰ ਮੰਡਲ, ਜਲੰਧਰ ਜੀ ਨੂੰ ਸੂਚਨਾਂ ਹਿੱਤ।
2. ਮਾਨਯੋਗ ਡਿਪਟੀ ਕਮਿਸ਼ਨਰ,ਕਪੂਰਥਲਾ ਜੀ ਨੂੰ ਸੂਚਨਾਂ ਹਿੱਤ।
3. ਮਾਨਯੋਗ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਨੂੰ ਸੂਚਨਾਂ ਹਿੱਤ।
4. ਸਬੰਧਤ ਅਧਿਕਾਰੀ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ।

ਦਫਤਰ ਨਗਰ ਨਿਗਮ ਫਗਵਾੜਾ
OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426 Fax: 01824-223260
Website: www.mcphagwara.com Email: comm.mcpgr@punjab.gov.in

ਮਿਤੀ 13/06/2023 ਨੂੰ ਡਾ. ਨਯਨ ਪੀ.ਸੀ.ਐਸ. ਕਮਿਸ਼ਨਰ, ਨਗਰ ਨਿਗਮ, ਫਗਵਾੜਾ ਵੱਲੋ ਹੇਠ ਲਿਖੇ ਅਨੁਸਾਰ ਪ੍ਰਸ਼ਾਸਕੀ ਹੁਕਮ ਪਾਸ ਕੀਤੇ ਗਏ।

| ਲੜੀ ਨੰ. | ਮਤਾ ਨੰ. ਅਤੇ ਮਿਤੀ | ਮਤੇ ਦਾ ਵੇਰਵਾ | ਕਿਰਪਾ ਕਰਕੇ ਸੁਨਿਸ਼ਚਿਤ ਕੀਤਾ ਜਾਵੇ ਕਿ ਮਿਤੀ 10.10.2022 ਰਾਹੀਂ ਪਾਸ ਕੀਤੇ ਗਏ ਨਿਰਦੇਸ਼ ਦੇ ਕਿਸ ਪੁਆਇੰਟ ਤਹਿਤ ਇਹ ਮਤਾ ਦੀ ਤਜਵੀਜ ਕੀਤੀ ਗਈ ਹੈ। | ਕਮਿਸ਼ਨਰ/ਕਾਰਜ ਸਾਧਕ ਅਫਸਰ ਦੁਆਰਾ ਕੀਤੀ ਗਈ ਟਿੱਪਣੀ |
|---|---|---|---|---|
| 1 | 42<br>13/06/2023 | ਰਿਪੋਰਟ ਵੱਲੋ ਨਿਗਰਾਨ ਇੰਜੀਨੀਅਰ, ਨਗਰ ਨਿਗਮ ਫਗਵਾੜਾ ਕਿ 5 Nos. Hopper Tipper Dumper with capacity of 2.5 cubic meter ਦੀ ਖ੍ਰੀਦ ਕਰਨ ਲਈ ਦਫਤਰ ਨਗਰ ਨਿਗਮ ਫਗਵਾੜਾ ਵੱਲੋ ਮਤਾ ਨੰ: 43 ਮਿਤੀ 01.08.2022 ਰਾਹੀ 37.50 ਲੱਖ ਦੀ ਪ੍ਰਵਾਨਗੀ ਲਈ ਗਈ ਸੀ। ਇੱਥੇ ਇਹ ਦੱਸਣਯੋਗ ਹੈ ਕਿ ਮਿਤੀ 01.08.2022 ਤੋ ਹੁਣ ਤੱਕ ਇਹਨਾਂ 5 ਟਿੱਪਰਾਂ ਦੀ ਕੀਮਤ 37.50 ਲੱਖ ਤੋਂ ਵੱਧ ਕੇ 38.65 ਲੱਖ ਹੋ ਗਈ ਹੈ। ਇਸ ਲਈ ਇਹਨਾਂ ਟਿੱਪਰਾਂ ਦੀ ਖ੍ਰੀਦ ਵਿੱਚ ਨਗਰ ਨਿਗਮ ਫਗਵਾੜਾ ਨੂੰ 1.15 ਲੱਖ ਰੁਪਏ ਵੱਧ ਅਦਾਇਗੀ ਕਰਨੀ ਪੈ ਰਹੀ ਹੈ। ਮਿਤੀ 01.08.2022 ਤੋ ਹੁਣ ਤੱਕ BS6 Phase2 ਇੰਜਣ ਆਉਣ ਕਾਰਣ ਕੰਪਨੀ ਵੱਲੋ ਟਿੱਪਰ ਦੀ ਕੀਮਤ ਵਿੱਚ ਵੀ ਵਾਧਾ ਹੋਇਆ ਹੈ ਅਤੇ ਇਸ ਵਿੱਚ ਇੱਕ ਸਾਲ ਦੀ ਇੰਸ਼ੋਰੇਂਸ ਅਤੇ ਰਜਿਸਟਰੇਸ਼ਨ ਦਾ ਖਰਚ ਵੀ ਜਮਾਂ ਕਰ ਦਿੱਤਾ ਗਿਆ ਹੈ। ਇਹ ਇੰਸ਼ੋਰੇਂਸ ਅਤੇ ਰਜਿਸਟਰੇਸ਼ਨ ਸਪਲਾਇਰ ਵੱਲੋ ਹੀ ਕਰਵਾ ਕੇ ਦਿੱਤੀ ਜਾਣੀ ਹੈ। ਜਿਸ ਕਾਰਣ ਨਗਰ ਨਿਗਮ ਫਗਵਾੜਾ ਨੂੰ ਪ੍ਰਤੀ ਟਿੱਪਰ 23000/- ਰੁਪਏ ਵੱਧ ਅਦਾ ਕਰਨੇ ਪੈ ਰਹੇ ਹਨ। M/s BAXY LIMITED, Gurgaon (HR) ਨੂੰ ਦਿੱਤੇ ਗਏ ਵਰਕ ਆਰਡਰ ਮੁਤਾਬਕ ਬਿੱਲ ਨੰ: GEMC-31353526 ਮਿਤੀ 08.06.2023 ਰਾਹੀ ਉਕਤ 5 ਟਿੱਪਰ ਦਫਤਰ ਨਗਰ ਨਿਗਮ ਫਗਵਾੜਾ ਨੂੰ ਸਪਲਾਈ ਕਰ ਦਿੱਤੇ ਗਏ ਹਨ। ਉਕਤ ਕੰਮ ਨੂੰ ਕਰਵਾਉਣ ਲਈ ਵੱਧ ਰਹੇ 1.15 ਲੱਖ ਦੀ ਅਦਾਇਗੀ ਮਿਉਂਸਪਲ ਫੰਡ ਵਿੱਚੋ ਕੀਤੀ ਜਾਣੀ ਹੈ। ਜਿਸ ਦੀ ਅਦਾਇਗੀ ਲਈ ਹਾਉਸ ਦੀ ਪ੍ਰਵਾਨਗੀ ਲੋੜੀਂਦੀ ਹੈ। ਇੱਥੇ ਇਹ ਦੱਸਣਯੋਗ ਹੈ ਕਿ ਸਥਾਨਕ ਸਰਕਾਰ ਵਿਭਾਗ, ਪੰਜਾਬ ਵੱਲੋ ਜਾਰੀ ਨੋਟੀਫਿਕੇਸ਼ਨ ਨੰ: 5/71/2017/MEO/DA/334 ਮਿਤੀ 23/03/2020 ਰਾਹੀ ਹਾਉਸ ਦੀਆ ਸਾਰੀਆਂ ਸ਼ਕਤੀਆਂ ਕਮਿਸ਼ਨਰ ਨਗਰ ਨਿਗਮ ਜੀ ਨੂੰ ਦਿੱਤੀਆ ਗਈਆ ਹਨ। ਉਕਤ ਮਤਾ ਪਾਉਣ ਲਈ ਪ੍ਰਸ਼ਾਸਕੀ ਪ੍ਰਵਾਨਗੀ ਹਿੱਤ ਪੇਸ਼ ਹੈ ਜੀ। | ------ | ਸੂਚਨਾ ਹਿੱਤ। |

ਤਸਦੀਕੀ ਕਾਪੀ

ਅਜੰਡਾ ਸੁਪਰਡੰਟ
ਨਗਰ ਨਿਗਮ, ਫਗਵਾੜਾ